## ਦਫਤਰ ਜ਼ਿਲ੍ਹਾ ਮੈਜਿਸਟ੍ਰੇਟ, ਪਠਾਨਕੋਟ
(ਫੁਟਕਲ ਸ਼ਾਖਾ)

**ਹੁਕਮ**

ਇਹ ਵੇਖਣ ਵਿੱਚ ਆਇਆ ਹੈ ਕਿ ਕੁੱਝ ਲੋਕਾਂ ਵਲੋਂ ਹਰੇ ਅੰਬ ਦੇ ਰੁੱਖਾਂ ਨੂੰ ਬਿਨ੍ਹਾਂ ਵਜ੍ਹਾ ਕੱਟਿਆਂ ਜਾ ਰਿਹਾ ਹੈ। ਇਹ ਦਰੱਖਤ ਪ੍ਰਾਚੀਨ ਸਮੇਂ ਤੋਂ ਹੀ ਧਾਰਮਿਕ ਮਹੱਤਤਾ ਰੱਖਦੇ ਹਨ ਅਤੇ ਇਨ੍ਹਾਂ ਦਾ ਵਾਤਾਵਰਨ ਨੂੰ ਪ੍ਰਦੂਸ਼ਣ ਤੋਂ ਬਚਾਉਣ ਵਿੱਚ ਵੱਡਾ ਯੋਗਦਾਨ ਹੈ। ਇਸ ਤੋ ਇਲਾਵਾ ਜੰਗਲੀ ਜੀਵਾਂ ਅਤੇ ਪੰਛੀਆਂ ਆਦਿ ਦਾ ਰੈਣ ਬਸੇਰਾ ਵੀ ਆਮ ਤੌਰ ਤੇ ਇਨ੍ਹਾਂ ਵੱਡੇ ਦਰੱਖਤਾਂ ਤੇ ਹੁੰਦਾ ਹੈ।ਅਜਿਹੇ ਰੁੱਖਾਂ ਦੀ ਕਟਾਈ ਨਾਲ ਜਿੱਥੇ ਵਾਤਾਵਰਣ ਤੇ ਮਾੜਾ ਅਸਰ ਪੈਂਦਾ ਹੈ, ਉੱਥੇ ਪੰਛੀਆਂ ਦੇ ਕੁਦੱਰਤੀ ਰੈਣ ਬਸੇਰੇ ਤੇ ਵੀ ਪ੍ਰਤੀਕੂਲ ਅਸਰ ਪੈਂਦਾ ਹੈ, ਜਿਸ ਕਰਕੇ ਪੰਛੀਆਂ ਦੀਆਂ ਕਈ ਪ੍ਰਜਾਤੀਆਂ ਲੁਪਤ ਹੋ ਰਹੀਆਂ ਹਨ । ਇਸ ਲਈ ਹਰੇ ਅੰਬ ਦੇ ਦਰੱਖਤਾਂ ਦੀ ਕਟਾਈ ਤੇ ਰੋਕ ਲਗਾਈ ਜਾਣੀ ਜਰੂਰੀ ਹੋ ਗਈ ਹੈ।

ਇਸ ਲਈ ਮੈਂ ਸੰਯਮ ਅਗਰਵਾਲ, ਆਈ.ਏ.ਐਸ., ਜ਼ਿਲ੍ਹਾ ਮੈਜਿਸਟਰੇਟ, ਪਠਾਨਕੋਟ ਫੌਜਦਾਰੀ ਜਾਬਤਾ ਸੰਘਤਾ 1973 (1974 ਦ ਐਕਟ-2) ਦੀ ਧਾਰਾ 144 ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਾ ਹੋਇਆ ਪਠਾਨਕੋਟ ਜਿਲ੍ਹੇ ਦੀ ਹਦੂਦ ਅੰਦਰ ਹਰੇ ਅੰਬ ਦੇ ਬਹੁਤ ਹੀ ਮਹੱਤਵਪੂਰਨ ਦਰਖੱਤਾਂ ਦੇ ਕਟਾਈ ਤੇ ਪੂਰਨ ਤੌਰ ਤੇ ਪਾਬੰਦੀ ਲਗਾਉਂਦਾ ਹਾਂ ।ਜੇਕਰ ਉਕਤ ਦਰੱਖਤਾਂ ਨੂੰ ਵਿਸ਼ੇਸ਼ ਹਾਲਾਤ ਵਿੱਚ ਕੱਟਣਾ ਜਰੂਰੀ ਹੋਵੇ ਤਾਂ ਜੰਗਲਾਤ ਵਿਭਾਗ ਦੀ ਪ੍ਰਵਾਨਗੀ ਨਾਲ ਹੀ ਕੱਟੇ ਜਾਣ। ਇਸ ਮੰਤਵ ਲਈ ਵਣ ਵਿਭਾਗ ਵੱਲੋਂ ਉਹ ਵੀ ਪ੍ਰਕ੍ਰਿਆ ਅਪਨਾਈ ਜਾਵੇਗੀ ਜਿਹੜੀ ਕਿ ਪੰਜਾਬ ਭੂਮੀ ਸੁਰੱਖਿਆ ਐਕਟ -1900 ਦਫ-4 ਅਤੇ 5 ਅਧੀਨ ਬੰਦ ਰਕਬੇ ਵਿੱਚ ਪ੍ਰਮਿੱਟ ਦੇਣ ਲਈ ਅਪਨਾਈ ਜਾਂਦੀ ਹੈ।

ਮਾਮਲੇ ਦੀ ਮਹੱਤਤਾ ਨੂੰ ਮੁੱਖ ਰੱਖਦੇ ਹੋਏ ਇਹ ਹੁਕਮ ਇਕਤਰਫ਼ਾ ਜਾਰੀ ਕੀਤਾ ਜਾਂਦਾ ਹੈ ਅਤੇ ਆਮ ਜਨਤਾ ਨੂੰ ਸੰਬੋਧਿਤ ਕੀਤਾ ਜਾਂਦਾ ਹੈ।

ਇਹ ਹੁਕਮ ਮਿਤੀ 21.12.2020 ਤੋਂ 31.03.2021 ਤੱਕ ਲਾਗੂ ਰਹੇਗਾ।

ਇਹੰ ਹੁਕਮ ਜਿਲ੍ਹਾ ਲੋਕ ਸੰਪਰਕ ਵਿਭਾਗ ਜਿਲ੍ਹਾ ਪਠਾਨਕੋਟ ਦੀ ਪ੍ਰਚਾਰ ਗਤੀ ਰਾਹੀਂ ਮੁਨਾਦੀ ਕਰਵਾ ਕੇ ਅਤੇ ਹੁਕਮ ਦੀਆਂ ਨਕਲਾਂ ਅਦਾਲਤਾਂ, ਉਪ ਮੰਡਲ ਮੈਜਿਸਟਰੇਟ, ਜਿਲ੍ਹਾ ਪਠਾਨਕੋਟ ਅਤੇ ਤਹਿਸੀਲਦਾਰਾਂ, ਜ਼ਿਲ੍ਹਾ ਪਠਾਨਕੋਟ ਦੇ ਦਫਤਰਾਂ ਦੇ ਨੋਟਿਸ ਬੋਰਡਾਂ ਅਤੇ ਸ਼ਹਿਰ ਦੀਆਂ ਹੋਰ ਉੱਘੀਆਂ ਥਾਵਾਂ ਤੇ ਚਸਪਾ ਦਿੱਤਾ ਜਾਵੇ।

ਇਹ ਹੁਕਮ ਮੇਰੇ ਹਸਤਾਖਰਾਂ ਅਤੇ ਅਦਾਲਤੀ ਮੋਹਰ ਹੇਠ ਮਿਤੀ 21/12/2020 ਨੂੰ ਜਾਰੀ ਹੋਇਆ।

DISTRICT MAGISTRATE ★ PATHANKOT ★

ਜ਼ਿਲ੍ਹਾ ਮੈਜਿਸਟਰੇਟ,
ਪਠਾਨਕੋਟ।

ਪਿੱਠ ਅੰਕਣ ਨੰ:ਐਮ.ਏ./ 13027-43 ਮਿਤੀ 21/12/2020

ਇਸ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਅਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:-

1. ਮੁੱਖ ਸਕੱਤਰ, ਪੰਜਾਬ ਸਰਕਾਰ, ਚੰਡੀਗੜ੍ਹ।
2. ਗ੍ਰਿਹ ਸਕੱਤਰ, ਪੰਜਾਬ ਸਰਕਾਰ, ਚੰਡੀਗੜ੍ਹ।
3. ਡਾਇਰੈਕਟਰ ਜਨਰਲ ਆਫ ਪੁਲਿਸ, ਪਜਾਬ।
4. ਕਮਿਸ਼ਨਰ, ਜਲੰਧਰ ਮੰਡਲ, ਜਲੰਧਰ।
5. ਡੀ.ਆਈ.ਜੀ. ਸਰਹੱਦੀ ਰੇਜ ਅਮ੍ਰਿਤਸਰ।
6. ਸੀਨੀਅਰ ਪੁਲਿਸ ਕਪਤਾਨ, ਪਠਾਨਕੋਟ।
7. ਜ਼ਿਲ੍ਹਾ ਅਤੇ ਸੈਸ਼ਨ ਜੱਜ, ਪਠਾਨਕੋਟ/ਗੁਰਦਾਸਪੁਰ।
8. ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਪਠਾਨਕੋਟ ।
9. ਜਿਲਾ ਟਰਾਂਸਪੋਰਟ ਅਫ਼ਸਰ, ਪਠਾਨਕੋਟ ।
10. ਉਪ ਮੰਡਲ ਮੈਜਿਸਟਰੇਟ ਪਠਾਨਕੋਟ/ਧਾਰ ਕਲਾਂ।
11. ਤਹਿਸੀਲਦਾਰ, ਪਠਾਨਕੋਟ/ਧਾਰ ਕਲ੍ਹਾਂ।
12. ਵਣ ਮੰਡਲ ਅਫਸਰ, ਪਠਾਨਕੋਟ।
13. ਵਣ ਰੇਂਜ ਅਫਸਰ, ਪਠਾਨਕੋਟ।
14. ਪੀ.ਏ ਟੂ ਜ਼ਿਲ੍ਹਾ ਮੈਜਿਸਟਰੇਟ, ਸਟੈਨੋ ਟੂ ਵਧੀਕ ਜ਼ਿਲ੍ਹਾ ਮੈਜਿਸਟਰੇਟ, ਪਠਾਨਕੋਟ।

DISTRICT MAGISTRATE ★ PATHANKOT ★

ਜ਼ਿਲ੍ਹਾ ਮੈਜਿਸਟਰੇਟ,
ਪਠਾਨਕੋਟ।